**ਪ੍ਰਧਾਨ ਮੰਤਰੀ ਨੇ ਇਜ਼ਰਾਈਲ ਦੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ (ਫਰਵਰੀ 26, 2026)**

26 ਫਰਵਰੀ 2026

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਯੇਰੂਸ਼ਲਮ ਵਿੱਚ ਇਜ਼ਰਾਈਲ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਈਸਾਕ ਹਰਜ਼ੋਗ ਨਾਲ ਮੁਲਾਕਾਤ ਕੀਤੀ।

2. ਪ੍ਰਧਾਨ ਮੰਤਰੀ ਨੇ 2017 ਵਿੱਚ ਇਜ਼ਰਾਈਲ ਦੇ ਦੌਰੇ ਦੌਰਾਨ ਅਤੇ 2023 ਵਿੱਚ ਦੁਬਈ ਵਿੱਚ ਰਾਸ਼ਟਰਪਤੀ ਹਰਜ਼ੋਗ ਨਾਲ ਆਪਣੀ ਪਿਛਲੀਆਂ ਮੀਟਿੰਗਾਂ ਨੂੰ ਵੀ ਯਾਦ ਕੀਤਾ. ਦੋਵਾਂ ਨੇਤਾਵਾਂ ਨੇ ਕਿਹਾ ਕਿ ਭਾਰਤ-ਇਜ਼ਰਾਈਲ ਦੇ ਸਬੰਧਾਂ ਨੂੰ "ਸ਼ਾਂਤੀ, ਇਨੋਵੇਸ਼ਨ ਅਤੇ ਖੁਸ਼ਹਾਲੀ ਲਈ ਵਿਸ਼ੇਸ਼ ਰਣਨੀਤਕ ਸਾਂਝੇਦਾਰੀ" ਤੱਕ ਵਧਾਉਣਾ ਦੁਵੱਲੇ ਸਬੰਧਾਂ ਵਿੱਚ ਇੱਕ ਨਵੀਂ ਸ਼ੁਰੂਆਤ ਹੈ ਅਤੇ ਇਹ ਦੋਵਾਂ ਦੇਸ਼ਾਂ ਦਰਮਿਆਨ ਡੂੰਘੇ ਵਿਸ਼ਵਾਸ, ਸਾਂਝੀਆਂ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਵਿਸ਼ੇਸ਼ ਦੋਸਤੀ ਨੂੰ ਦਰਸਾਉਂਦਾ ਹੈ। ਦੋਵੇਂ ਆਗੂਆਂ ਨੇ ਵਪਾਰ ਅਤੇ ਤਕਨਾਲੋਜੀ, ਇਨੋਵੇਸ਼ਨ ਅਤੇ ਉੱਦਮ, ਰੱਖਿਆ ਅਤੇ ਸੁਰੱਖਿਆ ਅਤੇ ਅੱਤਵਾਦ ਦਾ ਮੁਕਾਬਲਾ ਕਰਨ ਦੇ ਖੇਤਰਾਂ ਵਿੱਚ ਮੌਜੂਦਾ ਸਹਿਯੋਗ 'ਤੇ ਤਸੱਲੀ ਪ੍ਰਗਟਾਈ।

3. ਦੋਵਾਂ ਆਗੂਆਂ ਨੇ ਆਪਸੀ ਹਿੱਤਾਂ ਦੇ ਖੇਤਰੀ ਮੁੱਦਿਆਂ 'ਤੇ ਵੀ ਚਰਚਾ ਕੀਤੀ। ਗਾਜ਼ਾ ਸ਼ਾਂਤੀ ਯੋਜਨਾ ਲਈ ਸਮਰਥਨ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਪੱਛਮੀ ਏਸ਼ੀਆ ਵਿੱਚ ਸ਼ਾਂਤੀ ਅਤੇ ਸਥਿਰਤਾ ਪ੍ਰਾਪਤ ਕਰਨ ਦੀ ਪਹਿਲ ਸਬੰਧੀ ਪ੍ਰਗਤੀ 'ਤੇ ਆਪਣੀ ਸੰਤੁਸ਼ਟੀ ਜਤਾਈ।

4. ਵਾਤਾਵਰਣ ਨੂੰ ਉਤਸ਼ਾਹਿਤ ਕਰਨ ਲਈ ਦੋਵੇਂ ਦੇਸ਼ਾਂ ਦੇ ਸਾਂਝੀਆਂ ਕਦਰਾਂ-ਕੀਮਤਾਂ ਨੂੰ ਦਰਸਾਉਂਦੇ ਹੋਏ, ਪ੍ਰਧਾਨ ਮੰਤਰੀ, ਰਾਸ਼ਟਰਪਤੀ ਹਰਜ਼ੋਗ ਅਤੇ ਫਸਟ ਲੇਡੀ ਦੇ ਨਾਲ, ਇੱਕ ਪੇਡ ਮਾ ਕੇ ਨਾਮ (ਮਾਂ ਲਈ ਇੱਕ ਰੁੱਖ) ਪਹਿਲ ਦੇ ਤਹਿਤ ਰਾਸ਼ਟਰਪਤੀ ਦੇ ਬਾਗ ਵਿੱਚ ਇੱਕ ਪੌਦਾ ਲਗਾਇਆ।

5. ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਹਰਜ਼ੋਗ ਨੂੰ ਉਨ੍ਹਾਂ ਦੇ ਨਿੱਘ ਅਤੇ ਮਹਿਮਾਨਨਿਵਾਜ਼ੀ ਅਤੇ ਭਾਰਤ-ਇਜ਼ਰਾਈਲ ਸਾਂਝੇਦਾਰੀ ਨੂੰ ਉਨ੍ਹਾਂ ਦੇ ਸਮਰਥਨ ਲਈ ਧੰਨਵਾਦ ਕੀਤਾ।

ਯੇਰੂਸ਼ਲਮ

26 ਫਰਵਰੀ 2026